# ਪ੍ਰੈਸ ਨੋਟ

## ਰਾਜਸਥਾਨ ਵਿਧਾਨ ਸਭਾ ਇਲੈਕਸ਼ਨ ਦੇ ਮੱਦੇਨਜਰ, ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਨਾਲ ਲਗਦੀਆਂ ਸਰਹੱਦਾ ਨੂੰ ਕੀਤਾ ਗਿਆ ਸੀਲ: ਆਈ.ਜੀ ਸ.ਗੁਰਸ਼ਰਨ ਸਿੰਘ ਸੰਧੂ

ਸ੍ਰੀ ਮੁਕਤਸਰ ਸਾਹਿਬ ( ) ਮਾਨਯੋਗ ਸ.ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਸ੍ਰੀ ਗੌਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ. ਪੰਜਾਬ ਵੱਲੋਂ ਸੂਬੇ ਅੰਦਰ ਕੀਤੇ ਗਏ ਹਨ ਸਖਤ ਸੁਰੱਖਿਆ ਪ੍ਰਬੰਧ ਇਸ ਦੇ ਚਲਦਿਆ ਸ.ਗੁਰਸ਼ਰਨ ਸਿੰਘ ਸੰਧੂ ਆਈ.ਜੀ.ਪੀ. ਫਰੀਦਕੋਟ ਰੇਂਜ ਫਰੀਦਕੋਟ ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਲੋਕਾਂ ਦੀਆ ਸੁਰੱਖਿਆ ਲਈ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਕੀਤੇ ਗਏ ਹਨ ਸਖਤ ਸੁਰੱਖਿਆ ਪ੍ਰਬੰਧ। ਇਸ ਦੇ ਨਾਲ ਹੀ ਪੁਲਿਸ ਦੀਆਂ ਅਲੱਗ ਅਲੱਗ ਟੁਕੜੀਆਂ ਵੱਲੋਂ ਨਾਕਾ ਬੰਦੀ ਕਰ ਸਰਚ ਅਭਿਆਨ ਚਲਾਏ ਜਾ ਰਹੇ ਹਨ। ਇਸ ਤਹਿਤ ਹੀ ਰਾਜਸਥਾਨ ਵਿਧਾਨ ਸਭਾ ਇਲੈਕਸ਼ਨ ਦੇ ਸਬੰਧ ਵਿੱਚ ਜਿਲ੍ਹਾਂ ਸ੍ਰੀ ਮੁਕਤਸਰ ਸਾਹਿਬ ਦੇ ਨਾਲ ਲੱਗਦੀਆਂ ਸਰਹੱਦਾਂ ਤੇ ਸਖਤ ਸੁਰੱਖਿਆਂ ਪ੍ਰਬੰਧ ਕੀਤੇ ਗਏ ਹਨ। ਇਸ ਤਹਿਤ ਹੀ ਸ.ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ. ਆਈ.ਜੀ.ਪੀ. ਫਰੀਦਕੋਟ ਅਤੇ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ ਐਸ ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਰਾਜਸਥਾਨ ਨਾਲ ਲੱਗਦੀਆਂ ਸਰੱਹਦਾਂ ਤੇ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਉਨਹਾਂ ਵੱਲੋਂ ਨਾਕਿਆਂ ਤੇ ਤਾਇਨਾਤ ਪੁਲਿਸ ਫੋਰਸ ਨੂੰ ਡਿਊਟੀ ਪ੍ਰਤੀ ਹਦਾਇਤਾਂ ਜਾਰੀ ਕੀਤੀਆ ਗਈਆ। ਇਸ ਮੌਕੇ ਸ.ਜਸਪਾਲ ਸਿੰਘ ਡੀ.ਐਸ.ਪੀ ਲੰਬੀ ਅਤੇ ਐਸ.ਅਈ ਕਰਮਜੀਤ ਸਿੰਘ ਮੁੱਖ ਅਫਸਰ ਥਾਣਾ ਕਿਲਿਆਵਾਲੀ ਵੀ ਹਾਜ਼ਰ ਸਨ।

ਸ.ਗੁਰਸ਼ਰਨ ਸਿੰਘ ਸੰਧੂ ਆਈ.ਜੀ.ਪੀ ਫਰੀਦਕੋਟ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਰਾਜਸਥਾਨ ਵਿਖੇ ਵਿਧਾਨ ਸਭਾ ਇਲੈਕਸ਼ਨ ਦੇ ਮੱਦੇਨਜ਼ਰ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਥਾਣਾ ਕਿਲਿਆਵਾਲੀ ਦੇ ਰਾਜਸਥਾਨ ਜਿਲ੍ਹਾਂ ਹਨੂਮਾਨਗੜ੍ਹ ਦੀ ਸਰਹੱਦ ਤੇ ਲਗਦੇ ਨਾਕਿਆਂ ਦੀ ਚੈਕਿੰਗ ਕੀਤੀ ਗਈ। ਉਂਨਾਂ ਦੱਸਿਆ ਕਿ ਰਾਜਸਥਾਨ ਸੂਬਾ ਦੀ ਸਰਹੱਦ ਨਾਲ ਲੱਗਦੇ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਵੱਲੋਂ 03 ਨਾਕੇ ਲਗਾਏ ਗਏ ਹਨ ਜਿਨ੍ਹਾਂ ਤੇ 24 ਘੰਟੇ ਪੁਲਿਸ ਮੁਲਾਜ਼ਮ ਤਾਇਨਾਤ ਰਹਿੰਦੇ ਹਨ ਜਿਨ੍ਹਾ ਵੱਲੋਂ ਸਰਹੱਦ ਤੋਂ ਆਉਣ ਜਾਣ ਵਾਲੇ ਸ਼ੱਕੀ ਪੁਰਸ਼ਾਂ ਅਤੇ ਮਾੜੇ ਅਨਸਰਾਂ ਦੀ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ, ਇੰਨ੍ਹਾਂ ਨਾਕਿਆ ਤੇ ਖਾਸ ਤੌਰ ਤੇ ਸੀ.ਸੀ.ਟੀ.ਵੀ ਕੈਮਰੇ ਲਗਾ ਕੇ ਖਾਸ ਧਿਆਨ ਰੱਖਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਨਾਕਿਆ ਦੇ ਨਾਲ ਜੋ ਰਾਜਸਥਾਨ ਸੂਬੇ ਦੀ ਸਰਹੱਦ ਨਾਲ ਲੱਗਦੇ ਕੱਚੇ ਰਸਤਿਆ ਉੱਤੇ 24 ਘੰਟੇ 03 ਪਟਰੋਲਿਗ ਪਾਰਟੀਆ ਗਸ਼ਤ ਕਰਦੀਆਂ ਰਹਿੰਦੀਆਂ ਹਨ,ਜੋ ਸ਼ੱਕੀ ਪੁਰਸ਼ਾ ਅਤੇ ਸ਼ੱਕੀ ਵਹੀਕਲਾਂ ਤੇ ਬਾਜ ਅੱਖ ਰੱਖ ਰੱਖ ਕੇ ਨਜਾਇਜ਼ ਸ਼ਰਾਬ, ਸਮਗਲਿੰਗ ਅਤੇ ਹਰ ਪ੍ਰਕਾਰ ਦੀ ਨਸ਼ਾ ਤਸਕਰੀ ਨੂੰ ਰੋਕਣ ਲਈ ਚੈਕਿੰਗ ਕੀਤੀ ਜਾ ਰਹੀ ਹੈ। ਉਂਨ੍ਹਾਂ ਇਹ ਵੀ ਦੱਸਿਆਂ ਕਿ ਹਨੂਮਾਨਗੜ੍ਹ ਪੁਲਿਸ (ਰਾਜਸਥਾਨ) ਅਤੇ ਸ੍ਰੀ ਮੁਕਤਸਰ ਪੁਲਿਸ ਵੱਲੋਂ ਸਾਰੇ ਨਾਕਿਆ ਤੇ ਤਾਇਨਾਤ ਪੁਲਿਸ ਮੁਲਾਜਮਾਂ ਦਾ ਇਕ ਇਟਰਸਟੇਟ ਬੋਡਰ ਨਿਗਰਾਨ ਵਟਸ ਐਪ ਗਰੁੱਪ ਬਣਾਇਆ ਗਿਆ ਹੈ। ਜੋ ਸਰਹੱਦਾ ਤੇ ਹੋਣ ਵਾਲੀਆਂ ਗਤੀ ਵਿਧੀਆਂ ਨੂੰ ਇਕ ਦੂਸਰੇ ਨਾਲ ਸ਼ੇਅਰ ਕਰ ਕੇ ਧਿਆਨ ਰੱਖਿਆ ਜਾ ਰਿਹਾ ਹੈ। ਉਂਨ੍ਹਾਂ ਕਿਹਾ ਕਿ ਪੁਲਿਸ ਮੁਲਜਮਾਂ ਨੂੰ ਵੀ ਡਿਊਟੀ ਪ੍ਰਤੀ ਹਦਾਇਤਾ ਜਾਰੀ ਕੀਤੀਆ ਗਈਆ ਹਨ। ਉਹਨਾਂ ਦੱਸਿਆ ਕਿ ਜੇਕਰ ਕਿਸੇ ਨੇ ਕੋਈ ਵੀ ਜਾਣਕਾਰੀ ਸਾਂਝੀ ਕਰਨੀ ਹੈ ਤਾਂ ਸਾਡੇ ਹੈਲਪਲਾਈਨ 8054370100 ਅਤੇ ਥਾਣਾ ਕਿੱਲਿਆਂਵਾਲੀ ਦਾ ਮੋਬਾਇਲ ਨੰ. 7888493965 ਤੇ ਸੰਪਰਕ ਕਰ ਸਕਦੇ ਹੋ।